**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 07-04-2025**

- ਅੱਜ ਦੁਨੀਆ ਭਰ ਵਿਚ ਵਿਸ਼ਵ ਸਿਹਤ ਦਿਵਸ ਮਨਾਇਆ ਜਾ ਰਿਹਾ ਏ-ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇੱਕ ਸਿਹਤਮੰਦ ਵਿਸ਼ਵ ਦੇ ਨਿਰਮਾਣ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਇਆ।
- ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਵਲੋਂ ਕੱਲ ਤੋਂ ਪੰਜਾਬ ਸਮੇਤ ਦੇਸ਼ ਭਰ ਵਿਚ ਪੋਸ਼ਣ ਪੰਦਰਵਾੜੇ ਦੀ ਸ਼ੁਰੂਆਤ।
- ਪੰਜਾਬ ਦੇ ਰਾਜਪਾਲ ਨੇ ਸੂਬੇ ਵਿਚੋਂ ਨਸ਼ਿਆਂ ਦੇ ਖਾਤਮੇ ਲਈ ਮਿਲਕੇ ਹੰਬਲਾ ਮਾਰਨ ਦਾ ਦਿੱਤਾ ਸੱਦਾ- ਉਨ੍ਹਾਂ ਕਿਹਾ ਜੇਕਰ ਨੌਜਵਾਨਾਂ ਨੂੰ ਨਸ਼ਿਆਂ ਤੋਂ ਨਾ ਰੋਕਿਆ ਤਾ ਇਸਦੇ ਮਾਰੂ ਨਤੀਜੇ ਨਿਕਲਣਗੇ I
- ਪੰਜਾਬ ਸਰਕਾਰ ਵਲੋਂ ਅੱਜ ਤੋਂ 54 ਦਿਨਾਂ 'ਸਿੱਖਿਆ ਕ੍ਰਾਂਤੀ' ਦੀ ਸ਼ੁਰੂਆਤ I

---------------------------------------------------------------

ਸਿਹਤ ਅਤੇ ਇਸ ਨਾਲ ਜੁੜੀਆਂ ਚੰਗੀਆਂ ਆਦਤਾਂ ਬਾਰੇ

ਜਾਗਰੂਕਤਾ ਪੈਦਾ ਕਰਨ ਲਈ ਅੱਜ ਦੁਨੀਆ ਭਰ ਵਿਚ ਵਿਸ਼ਵ ਸਿਹਤ ਦਿਵਸ ਮਨਾਇਆ ਜਾ ਰਿਹਾ ਏ । ਵਿਸ਼ਵ ਸਿਹਤ ਸੰਗਠਨ ਦੇ ਅਨੁਸਾਰ, ਇਸ ਸਾਲ ਦਾ ਵਿਸ਼ਾ 'ਸਿਹਤਮੰਦ ਸ਼ੁਰੂਆਤ, ਆਸਵੰਦ ਭਵਿੱਖ' ਰੱਖਿਆ ਗਿਆ ਏ। ਇਸ ਥੀਮ ਦਾ ਉਦੇਸ਼ ਮਾਵਾਂ ਅਤੇ ਨਵਜੰਮੇ ਬੱਚਿਆਂ ਦੀਆਂ ਮੌਤਾਂ ਨੂੰ ਰੋਕਣਾ ਅਤੇ ਔਰਤਾਂ ਦੀ ਲੰਬੇ ਸਮੇਂ ਦੀ ਸਿਹਤ ਅਤੇ ਤੰਦਰੁਸਤੀ ਨੂੰ ਤਰਜੀਹ ਦੇਣਾ ਏ । ਇਸ ਮੌਕੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇੱਕ ਸਿਹਤਮੰਦ ਵਿਸ਼ਵ ਦੇ ਨਿਰਮਾਣ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਇਆ । ਆਪਣੇ ਸੰਦੇਸ਼ ਵਿੱਚ ਉਨ੍ਹਾਂ ਕਿਹਾ ਕਿ ਸਰਕਾਰ, ਸਿਹਤ ਸੰਭਾਲ ਉੱਤੇ ਧਿਆਨ ਕੇਂਦ੍ਰਿਤ ਕਰਦੀ ਰਹੇਗੀ ਅਤੇ ਲੋਕਾਂ ਦੀ ਭਲਾਈ ਦੇ ਵੱਖ-ਵੱਖ ਪਹਿਲੂਆਂ ਵਿੱਚ ਨਿਵੇਸ਼ ਕਰਦੀ ਰਹੇਗੀ। ਸ਼੍ਰੀ ਮੋਦੀ ਨੇ ਜ਼ੋਰ ਦੇ ਕੇ ਕਿਹਾ ਕਿ ਚੰਗੀ ਸਿਹਤ ਹਰ ਖੁਸ਼ਹਾਲ ਸਮਾਜ ਦੀ ਬੁਨਿਆਦ ਏ ।BYTE:

----------------------------------------------------------------

ਓਧਰ ਪਟਿਆਲਾ ਸਥਿਤ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ ਲਾਅ ਵਿਚ ਵੀ ਅੱਜ ਵਿਸ਼ਵ ਸਿਹਤ ਦਿਵਸ 'ਤੇ ਇੱਕ-ਰੋਜ਼ਾ ਕਨਵੈਨਸ਼ਨ ਕਰਵਾਈ ਗਈ। ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਤੋਂ ਪ੍ਰੋ. (ਡਾ.) ਰਾਜੇਸ਼ ਗਿੱਲ ਨੇ ਮੁੱਖ ਮਹਿਮਾਨ ਅਤੇ ਬੁਲਾਰੇ ਵਜੋਂ

ਸ਼ਿਰਕਤ ਕਰਦਿਆਂ  ਨੌਜਵਾਨਾਂ ਨੂੰ ਤਣਾਅ, ਡਿਪਰੈਸ਼ਨ ਅਤੇ ਕਿਸੇ ਵੀ ਸੰਬੰਧਿਤ ਸਿੰਡਰੋਮ ਜਾਂ ਵਿਕਾਰ ਨਾਲ ਨਜਿੱਠਣ ਦੀਆਂ ਰਣਨੀਤੀਆਂ ਸਿੱਖਣ ਲਈ ਪ੍ਰੇਰਿਤ ਕੀਤਾ ।

----------------------------------------------------------------------------

ਅੱਜ ਮਲੋਟ ਵਿਖੇ ਵਰਡ ਹੈਲਥ ਦਿਵਸ ਮੌਕੇ ਪੰਜਾਬ ਪੁਲਿਸ ਦੇ ਸਹਿਯੋਗ ਨਾਲ ਖ਼ੂਨ ਦਾਨ ਕੈਂਪ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਮੁੱਖ ਮਹਿਮਾਨ ਦੇ ਤੋਰ ਤੇ ਜਿਲਾ ਪੁਲਿਸ ਮੁੱਖੀ ਨੇ ਸ਼ਿਰਕਤ ਕੀਤੀ ਇਸ ਮੌਕੇ 100 ਦੇ ਖ਼ੂਨ ਦਾਨਿਆ ਨੇ ਖ਼ੂਨ ਦਾਨ ਕੀਤਾ ।

----------------------------------------------------------------------------

ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ, ਕੁਪੋਸ਼ਣ ਨੂੰ ਖਤਮ ਕਰਨ ਲਈ ਸਰਕਾਰ ਦੀ ਨਿਰੰਤਰ ਵਚਨਬੱਧਤਾ ਦੇ ਹਿੱਸੇ ਵਜੋਂ ਭਲਕੇ ਤੋਂ ਪੋਸ਼ਣ ਪੰਦਰਵਾੜੇ ਦਾ 7ਵਾਂ ਸੰਸਕਰਣ ਮਨਾਏਗਾ । ਇਸ ਸਾਲ ਦਾ ਪੋਸ਼ਣ ਪੰਦਰਵਾੜਾ ਮੁੱਖ ਤੌਰ 'ਤੇ ਚਾਰ ਵਿਸ਼ਿਆਂ ਤੇ ਕੇਂਦ੍ਰਿਤ ਕੀਤਾ ਜਾਵੇਗਾ, ਜਿਨ੍ਹਾਂ ਵਿਚ ਜੀਵਨ ਦੇ ਪਹਿਲੇ 1,000 ਦਿਨਾਂ 'ਤੇ ਧਿਆਨ ਕੇਂਦਰਤ ਕਰਨਾ , ਪੋਸ਼ਣ ਟਰੈਕਰਾਂ ਦੇ ਲਾਭਪਾਤਰੀ ਮਾਡਯੂਲ ਨੂੰ ਪ੍ਰਸਿੱਧ ਬਣਾਉਣਾ, ਬੱਚਿਆਂ ਵਿੱਚ ਮੋਟਾਪੇ ਨੂੰ ਦੂਰ ਕਰਨਾ ਅਤੇ ਕੁਪੋਸ਼ਣ ਅਤੇ ਸਿਹਤਮੰਦ ਜੀਵਨ ਸ਼ੈਲੀ ਦਾ ਪ੍ਰਬੰਧਨ ਕਰਨਾ ਸ਼ਾਮਿਲ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ

ਦੁਆਰਾ ਸ਼ੁਰੂ ਕੀਤੀ ਗਈ ਪ੍ਰਮੁੱਖ ਪਹਿਲਕਦਮੀ ਪੋਸ਼ਣ ਅਭਿਯਾਨ, ਕੁਪੋਸ਼ਣ ਨਾਲ ਨਜਿੱਠਣ, ਗਰਭਵਤੀ ਔਰਤਾਂ, ਛੋਟੇ ਬਚਿਆ ਦੀਆਂ ਮਾਵਾਂ, ਕਿਸ਼ੋਰ ਲੜਕੀਆਂ ਅਤੇ ਛੇ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਲਈ ਪੋਸ਼ਣ ਦੇ ਨਤੀਜਿਆਂ ਵਿੱਚ ਸੁਧਾਰ ਕਰਨ ਦੇ ਆਪਣੇ ਮਿਸ਼ਨ ਨੂੰ ਜਾਰੀ ਰੱਖਦੀ ਏ । ਮਹਿਲਾ ਅਤੇ ਬਾਲ ਵਿਕਾਸ ਰਾਜ ਮੰਤਰੀ ਸਾਵਿਤ੍ਰੀ ਠਾਕੁਰ ਭਲਕੇ ਇੱਕ ਵੈੱਬਕਾਸਟ ਰਾਹੀਂ 18 ਭਾਈਵਾਲ ਮੰਤਰਾਲਿਆਂ ਦੇ ਅਧਿਕਾਰੀਆਂ, ਰਾਜ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੇ ਅਧਿਕਾਰੀਆਂ ਅਤੇ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਆਂਗਨਵਾੜੀ ਵਰਕਰਾਂ ਨੂੰ ਸੰਬੋਧਨ ਕਰੇਗੀ। ਪੋਸ਼ਣ ਅਭਿਯਾਨ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਦੇਸ਼ ਭਰ ਵਿੱਚ ਛੇ ਸਫ਼ਲ ਪੋਸ਼ਣ ਪੰਦਰਵਾੜੇ ਪ੍ਰੋਗਰਾਮ ਆਯੋਜਿਤ ਕੀਤੇ ਗਏ ਹਨ।

--------------------------------------------------------------------------------

ਇਸੇ ਤਹਿਤ ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ 8 ਤੋਂ 22 ਅਪ੍ਰੈਲ ਤੱਕ 7ਵਾਂ ਪੋਸ਼ਣ ਪੰਦਰਵਾੜਾ ਮਨਾਉਣ ਦਾ ਐਲਾਨ ਕੀਤਾ ਏ ।

ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਪੰਦਰਵਾੜਾ ਮੁਹਿੰਮ ਸੂਬੇ ਭਰ ਵਿੱਚ ਪੋਸ਼ਣ ਜਾਗਰੂਕਤਾ, ਭਾਈਚਾਰਕ ਭਾਗੀਦਾਰੀ ਅਤੇ ਟਿਕਾਊ ਅਭਿਆਸਾਂ 'ਤੇ ਕੇਂਦ੍ਰਿਤ ਗਤੀਵਿਧੀਆਂ ਦੀ ਇੱਕ ਲੜੀ ਰਾਹੀਂ ਚਲਾਈ

ਜਾਵੇਗੀ।ਉਨ੍ਹਾਂ ਦੱਸਿਆ ਕਿ ਇਸ ਸਾਲ ਦੇ ਪੋਸ਼ਣ ਪੰਦਰਵਾੜੇ ਦੌਰਾਨ ਬੱਚੇ ਦੇ ਜਨਮ ਦੇ ਪਹਿਲੇ 1,000 ਦਿਨਾਂ ਦੌਰਾਨ ਪੋਸ਼ਣ ਸਬੰਧੀ ਨਤੀਜਿਆਂ ਨੂੰ ਹੋਰ ਬਿਹਤਰ ਬਣਾਉਣ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ, ਜੋ ਕਿ ਬੱਚਿਆਂ ਦੇ ਵਿਕਾਸ ਲਈ ਇੱਕ ਮਹੱਤਵਪੂਰਨ ਪਹਿਲ ਏ ।ਇਹ ਮੁਹਿੰਮ ਪੋਸ਼ਣ ਟਰੈਕਰ ਵਿੱਚ ਲਾਭਪਾਤਰੀ ਮਾਡਿਊਲ ਦੇ ਪ੍ਰਚਾਰ  'ਤੇ ਵੀ ਜ਼ੋਰ ਦੇਵੇਗੀ, ਤਾਂ ਜੋ ਡਿਜੀਟਲ ਨਿਗਰਾਨੀ ਅਤੇ ਪੋਸ਼ਣ ਸੇਵਾਵਾਂ ਦਿੱਤੇ ਜਾਣ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਦੇਖਭਾਲ ਅਤੇ ਸ਼ੁਰੂਆਤ ਵਿੱਚ ਧਿਆਨ ਦੇ ਕੇ ਦਸਤ ਪ੍ਰਬੰਧਨ ਅਤੇ ਅਨੀਮੀਆ ਦੇ ਖਾਤਮੇ ਲਈ ਵੀ ਯਤਨ ਕੀਤੇ ਜਾਣਗੇ। ਡਾ. ਬਲਜੀਤ ਕੌਰ ਨੇ ਕਿਹਾ ਕਿ  ਸਰਕਾਰ ਔਰਤਾਂ ਅਤੇ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਏ। ਮੰਤਰੀ ਨੇ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕੁਪੋਸ਼ਣ ਮੁਕਤ ਪੰਜਾਬ ਬਣਾਉਣ ਅਤੇ ਬੱਚਿਆਂ ਤੇ ਮਾਵਾਂ ਲਈ ਇੱਕ ਸਿਹਤਮੰਦ ਭਵਿੱਖ ਯਕੀਨੀ ਬਣਾਉਣ ਲਈ ਇੱਕਜੁੱਟ ਹੋਣ ।

---

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਏ ਕਿ ਜੇਕਰ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਤ ਤੋਂ ਨਹੀਂ ਰੋਕਿਆ ਗਿਆ ਤਾਂ ਇਸ ਦੇ ਮਾਰੂ ਨਤੀਜੇ ਭੁਗਤਣੇ ਪੈਣਗੇ। ਉਨ੍ਹਾਂ ਕਿਹਾ ਕਿ ਨਸ਼ਿਆਂ

ਦੇ ਮਾਮਲੇ ਵਿੱਚ ਪੰਜਾਬ ਦੇਸ਼ ਵਿੱਚ ਸਭ ਤੋਂ ਅੱਗੇ ਏ। ਇੱਕ ਸਰਵੇਖਣ ਅਨੁਸਾਰ ਇੱਥੇ 22 ਲੱਖ ਲੋਕ ਨਸ਼ਾ ਕਰਦੇ ਨੇ। ਉਨ੍ਹਾਂ ਨੇ ਇਸ ਖਤਰੇ ਨੂੰ ਖਤਮ ਕਰਨ ਲਈ ਮਿਲ ਕੇ ਕੰਮ ਕਰਨ ਦਾ ਸੱਦਾ ਦਿੱਤਾ।

BYTE:

ਰਾਜਪਾਲ  ਨੇ ਅੱਜ ਅੰਮ੍ਰਿਤਸਰ ਜਿਲ੍ਹੇ ਵਿੱਚ ਲਗਾਤਾਰ ਤੀਸਰੇ ਦਿਨ ਨਸ਼ਾ ਵਿਰੋਧੀ ਮੁਹਿੰਮ ਤਹਿਤ ਪੈਦਲ ਮਾਰਚ ਦੀ ਅਗਵਾਈ ਕਰਦੇ ਹੋਏ, ਪੰਜਾਬ ਵਾਸੀਆਂ ਨੂੰ, ਨਸ਼ਿਆਂ ਖਿਲਾਫ ਲੜਾਈ ਵਿਚ ਅੱਗੇ ਆਉਣ ਦਾ ਸੱਦਾ ਦਿੱਤਾ। ਉਹਨਾਂ ਕਿਹਾ ਕਿ ਪੰਜਾਬ ਜੋ ਆਪਣੀ ਦੇਸ਼ ਭਗਤੀ, ਅਤੇ ਸੂਰਬੀਰਾਂ, ਸ਼ਹੀਦਾਂ, ਯੋਧਿਆਂ ਦੀਆਂ ਲਾਸਾਨੀ ਕੁਰਬਾਨੀਆਂ ਕਰਕੇ ਜਾਣਿਆ ਜਾਂਦਾ ਏ , ਦੀ ਧਰਤੀ ਨੂੰ ਨਸ਼ਿਆਂ ਨਾਲ ਬਰਬਾਦ ਨਹੀਂ ਹੋਣ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਦੁਸ਼ਮਣ ਦੇਸ਼ ਤੋਂ ਨਸ਼ਾ ਤਸਕਰੀ ਜਾਰੀ ਏ ਪਰ ਇਸ ਨੂੰ ਫੜਨ ਲਈ ਸਾਡੀਆਂ ਫੋਰਸਾਂ ਵੀ ਦਿਨ ਰਾਤ ਕੰਮ ਕਰ ਰਹੀਆਂ ਨੇ। ਇਸ ਤੋਂ ਇਲਾਵਾ ਪਿੰਡਾਂ ਤੇ ਸ਼ਹਿਰਾਂ ਵਿੱਚ ਜ਼ਿਲਾ ਪ੍ਰਸ਼ਾਸਨ ਵੱਲੋਂ ਬਣਾਈਆਂ ਗਈਆਂ ਉਚ ਪੱਧਰੀ ਸੁਰੱਖਿਆ ਕਮੇਟੀਆਂ ਵੀ ਬਹੁਤ ਚੌਕਸੀ ਨਾਲ ਇਸ ਤਸਕਰੀ ਨੂੰ ਰੋਕਣ ਲਈ ਕੰਮ ਕਰ ਰਹੀਆਂ ਨੇ।

ਉਹਨਾਂ ਕਿਹਾ ਕਿ ਨਸ਼ਾ ਇਸ ਵੇਲੇ ਸਿਰਫ ਪੰਜਾਬ ਦੀ ਹੀ ਸਮੱਸਿਆ ਨਹੀਂ ਬਲਕਿ ਇਹ ਸਾਰੇ ਦੇਸ਼ ਨੂੰ ਆਪਣੇ ਗ੍ਰਿਫਤ ਵਿੱਚ ਲੈ ਰਿਹਾ ਏ।

ਓਹਨਾਂ ਸੰਬੋਧਨ ਕਰਦਿਆਂ ਬੱਚਿਆਂ ਅਤੇ ਮੋਹਤਬਰਾਂ ਨੂੰ ਸੱਦਾ ਦਿੱਤਾ ਕਿ ਉਹ, ਆਪਣੇ ਆਲੇ ਦੁਆਲੇ ਨੂੰ ਨਸ਼ਾ ਮੁਕਤ ਕਰਨ ਲਈ ਯੋਗਦਾਨ ਪਾਉਣ। ਉਨਾ ਕਿਹਾ ਕਿ ਨਸ਼ਾ ਕੇਵਲ ਓਹਨਾਂ ਦੇ ਪੈਦਲ ਮਾਰਚ ਨਾਲ ਜਾਂ ਸਰਕਾਰ ਦੀਆਂ ਕੋਸ਼ਿਸ਼ਾਂ ਨਾਲ ਖਤਮ ਨਹੀਂ ਹੋ ਸਕਦਾ, ਤੇ ਇਸ ਨੂੰ ਖਤਮ ਕਰਨ ਲਈ ਜਨਤਾ ਦਾ ਸਾਥ ਹੋਣਾ ਬਹੁਤ ਜਰੂਰੀ ਏ। ਰਾਜਪਾਲ ਗੁਰਦਾਸਪੁਰ ਦੇ ਡੇਰਾ ਬਾਬਾ ਨਾਨਕ ਤੋਂ ਸ਼ੁਰੂ ਹੋਈ 6 ਦਿਨਾਂ ਦੀ ਪਦਯਾਤਰਾ ਲਈ ਅੰਮ੍ਰਿਤਸਰ ਵਿੱਚ ਹਨ। ਇਹ ਯਾਤਰਾ ਭਲਕੇ ਜਲ੍ਹਿਆਂਵਾਲਾ ਬਾਗ ਵਿਖੇ ਸਮਾਪਤ ਹੋਵੇਗੀ।

----------------------------------------------------------------------

ਪੰਜਾਬ ਦੀ ਸਿੱਖਿਆ ਪ੍ਰਣਾਲੀ ਵਿੱਚ ਕ੍ਰਾਂਤੀਕਾਰੀ ਤਬਦੀਲੀ ਲਿਆਉਣ ਦੀ ਦਿਸ਼ਾ ਵਿੱਚ ਇੱਕ ਹੋਰ ਅਹਿਮ ਕਦਮ ਚੁੱਕਦਿਆਂ ਪੰਜਾਬ ਸਰਕਾਰ ਵਲੋਂ ਅੱਜ ਤੋਂ 54 ਦਿਨਾਂ ਦਾ ਸਿੱਖਿਆ ਦਾ ਤਿਉਹਾਰ 'ਸਿੱਖਿਆ ਕ੍ਰਾਂਤੀ' ਦੀ ਸ਼ੁਰੂਆਤ ਕੀਤੀ ਜਾ ਰਹੀ ਏ । ਇਸ ਤਹਿਤ ਸੂਬੇ ਭਰ ਦੇ 12,ਹਜ਼ਾਰ ਸਰਕਾਰੀ ਸਕੂਲਾਂ ਵਿੱਚ 2 ਹਜ਼ਾਰ ਕਰੋੜ ਰੁਪਏ ਦੀ ਲਾਗਤ ਵਾਲੇ ਨਵੇਂ ਬੁਨਿਆਦੀ ਢਾਂਚਾ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਗਿਆ। ਲੁਧਿਆਣਾ, ਫਰੀਦਕੋਟ, ਮੁਕਤਸਰ ਸਮੇਤ ਸੂਬੇ ਦੇ ਵੱਖ ਵੱਖ ਜ਼ਿਲਿਆਂ ਵੀ ਕੈਬਿਨਟ ਮੰਤਰੀਆਂ ਤੇ ਹੋਰਨਾਂ ਅਧਿਕਾਰੀਆਂ ਨੇ ਇਨਾ ਪ੍ਰੋਜਕਟਾਂ ਦੀ ਸ਼ੁਰੂਆਤ ਕੀਤੀ

ਵਿਆਪਕ ਬੁਨਿਆਦੀ ਢਾਂਚਾ ਵਿਕਾਸ ਪ੍ਰੋਗਰਾਮ ਆਧੁਨਿਕ ਸਿੱਖਿਆ ਸਹੂਲਤਾਂ ਨਾਲ ਲੈੱਸ ਕਰਨ ਦੇ ਉਦੇਸ਼ ਨਾਲ ਸਰਕਾਰੀ ਸਕੂਲਾਂ ਵਿੱਚ ਨਵੇਂ ਕਮਰਿਆਂ ਦੀ ਉਸਾਰੀ ਅਤੇ ਨਵੀਆਂ ਵਿੱਦਿਅਕ ਤਕਨੀਕਾਂ 'ਤੇ ਕੇਂਦਰਿਤ ਏ। ਸਰਕਾਰੀ ਸਕੂਲਾਂ ਨੂੰ ਸਾਰੀਆਂ ਲੋੜੀਂਦੀਆਂ ਬੁਨਿਆਦੀ ਸਹੂਲਤਾਂ ਨਾਲ ਲੈਸ ਕੀਤਾ ਗਿਆ ਏ ਜਿਨ੍ਹਾਂ ਵਿੱਚ ਸਾਫ਼ ਪੀਣ ਵਾਲਾ ਪਾਣੀ, ਤੇਜ਼ ਰਫਤਾਰ ਵਾਈਫਾਈ ਕੁਨੈਕਸ਼ਨ, ਪਖਾਨੇ, ਡੈਸਕ ਤੇ ਕੁਰਸੀਆਂ ਅਤੇ ਚਾਰਦੀਵਾਰੀ ਸ਼ਾਮਲ ਏ। ਪਹਿਲੇ ਪੜਾਅ ਵਿੱਚ 118 ਮੌਜੂਦਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਨੂੰ ਸਕੂਲ ਆਫ਼ ਐਮੀਨੈਂਸ ਵਿੱਚ ਅਪਗ੍ਰੇਡ ਕੀਤਾ ਜਾ ਰਿਹਾ ਏ, ਜਦੋਂ ਕਿ 14 ਸਕੂਲ ਆਫ਼ ਐਮੀਨੈਂਸ ਸਕੂਲ ਪਹਿਲਾਂ ਹੀ ਲੋਕ ਅਰਪਣ ਕੀਤੇ ਜਾ ਚੁੱਕੇ ਨੇ. ਇਹ ਸਕੂਲ ਉੱਤਮਤਾ ਦੇ ਕੇਂਦਰ ਹੋਣਗੇ, ਜੋ ਅਤਿ-ਆਧੁਨਿਕ ਸਹੂਲਤਾਂ ਨਾਲ ਲੈਸ ਹੋਣਗੇ ਅਤੇ ਸਕੂਲ ਸਿੱਖਿਆ ਪ੍ਰਣਾਲੀ ਵਿੱਚ ਸਮਕਾਲੀ ਸਿੱਖਣ ਦੇ ਨਵੇਂ ਢੰਗ – ਤਰੀਕਿਆਂ ਰਾਹੀਂ ਸਾਡੇ ਬੱਚਿਆਂ ਦੇ ਸਿੱਖਣ ਸਬੰਧੀ ਤਜ਼ਰਬਿਆਂ ਵਿੱਚ ਵਾਧਾ ਕਰਨਗੇ।

-----------------------------------------------------------------------

ਪਾਲਤੂ ਜਾਨਵਰਾਂ ਦੀ ਭਲਾਈ ਅਤੇ ਵਪਾਰ ਨੂੰ ਨਿਯਮਤ ਕਰਨ ਵੱਲ ਇਕ ਵਿਸ਼ੇਸ਼ ਕਦਮ ਤਹਿਤ ਕੁੱਤਿਆਂ, ਬਿੱਲੀਆਂ ਅਤੇ ਪੰਛੀਆਂ ਦਾ ਵਪਾਰ ਕਰਨ ਵਾਲੇ ਦੁਕਾਨਦਾਰਾਂ ਦੀ ਪਸ਼ੂ ਪਾਲਣ ਵਿਭਾਗ ਪਾਸ

ਰਜਿਸਟਰੇਸ਼ਨ ਨੂੰ ਲਾਜ਼ਮੀ ਕੀਤਾ ਗਿਆ ਏ । ਜਲੰਧਰ ਪਸ਼ੂ ਪਾਲਣ ਵਿਭਾਗ ਦੇ ਡਿਪਟੀ ਡਾਇਰੈਕਟਰ ਡਾ. ਹਰੂਨ ਸਿੰਘ ਨੇ ਦੱਸਿਆ ਕਿ ਇਸ ਦਾ ਮੁੱਖ ਮੰਤਵ ਅਨੈਤਿਕ ਤਰੀਕੇ ਨਾਲ ਜਾਨਵਰਾਂ ਦੇ ਪ੍ਰਜਣਨ ਅਤੇ ਵਪਾਰਕਿ ਅਦਾਰਿਆਂ ਵਿੱਚ ਜਾਨਵਰਾਂ ਨਾਲ ਦੁਰਵਿਹਾਰ ਨੂੰ ਰੋਕਣਾ ਏ । ਪਸ਼ੂ ਪਾਲਣ ਵਿਭਾਗ ਵਲੋਂ ਜਾਰੀ ਹਦਾਇਤਾਂ ਅਨੁਸਾਰ ਪਾਲਤੂ ਜਾਨਵਰਾਂ ਦੇ ਵਪਾਰ ਨਾਲ ਸਬੰਧਿਤ ਵਿਅਕਤੀਆਂ ਦਾ ਜਾਨਵਰਾਂ ਦੀ ਭਲਾਈ ਬਾਰੇ ਪੰਜਾਬ ਰਾਜ ਬੋਰਡ ਕੋਲ ਰਜਿਸਟਰ ਹੋਣਾ ਜਰੂਰੀ ਏ । ਉਨ੍ਹਾਂ ਕਿਹਾ ਕਿ ਵਿਭਾਗ ਵਲੋਂ ਰਜਿਸਟਰੇਸ਼ਨ ਪ੍ਰਕਿਰਿਆ ਨੂੰ ਅੱਗੇ ਵਧਾਉਣ ਲਈ ਪਸ਼ੂ ਪਾਲਣ ਅਫ਼ਸਰਾਂ ਨੂੰ ਹਦਾਇਤਾਂ ਕੀਤੀਆਂ ਗਈਆਂ ਨੇ ਕਿ ਫੀਲਡ ਵਿੱਚ ਪਾਲਤੂ ਜਾਨਵਰਾਂ ਦੇ ਦੁਕਾਨਦਾਰਾਂ ਅਤੇ ਬਰੀਡਰਾਂ ਨਾਲ ਤਾਲਮੇਲ ਰੱਖਣ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਦੱਸਿਆ ਕਿ ਸਰਕਾਰ ਵਲੋਂ ਜ਼ਿਲ੍ਹਾ ਅਤੇ ਤਹਿਸੀਲ ਪੱਧਰ ’ਤੇ ਪਸ਼ੂ ਭਲਾਈ ਕਮੇਟੀਆਂ ਕਾਇਮ ਕੀਤੀਆਂ ਗਈਆਂ ਨੇ । ਇਨ੍ਹਾਂ ਕਮੇਟੀਆਂ ਵਿੱਚ ਪਸ਼ੂ ਪਾਲਣ ਵਿਭਾਗ ਦਾ ਅਫ਼ਸਰ, ਪੁਲਿਸ, ਜੰਗਲਾਤ, ਜੰਗਲੀ ਜੀਵ ਸੁਰੱਖਿਆ ਵਿਭਾਗ, ਸਥਾਨਕ ਸਰਕਾਰਾਂ ਅਤੇ ਐਸ.ਪੀ.ਸੀ.ਏ. ਦਾ ਪ੍ਰਾਈਵੇਟ ਮੈਂਬਰ ਸ਼ਾਮਿਲ ਕੀਤਾ ਗਿਆ ਏ । ਉਨ੍ਹਾਂ ਦੱਸਿਆ ਕਿ ਇਨ੍ਹਾਂ ਕਮੇਟੀਆਂ ਨੂੰ ਜਾਨਵਰਾਂ ਪ੍ਰਤੀ ਹੋਈ ਬੇਰਹਿਮੀ ਦੀ ਸ਼ਿਕਾਇਤ ਦੀ ਜਾਂਚ ਕਰਨ

ਅਤੇ ਢੁੱਕਵੀਂ ਕਾਰਵਾਈ ਕਰਨ ਲਈ ਸਮਰੱਥ ਬਣਾਇਆ ਗਿਆ ਏ ਤਾਂ ਜੋ ਪੰਜਾਬ ਭਰ ਵਿੱਚ ਜਾਨਵਰਾਂ ਦੀ ਭਲਾਈ ਪ੍ਰਤੀ ਬਣੇ ਐਕਟ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾ ਸਕੇ। ਉਨ੍ਹਾਂ ਨੇ ਜ਼ਿਲ੍ਹਾ ਜਲੰਧਰ ਦੇ ਪਾਲਤੂ ਜਾਨਵਰਾਂ ਦੇ ਦੁਕਾਨਦਰਾਂ ਅਤੇ ਕੁਤਿਆਂ ਦੇ ਬਰੀਡਰਾਂ ਨੂੰ ਅਪੀਲ ਕੀਤੀ ਕਿ ਰਜਿਸਟਰੇਸ਼ਨ ਨੂੰ ਤੁਰੰਤ ਮੁਕੰਮਲ ਕੀਤਾ ਜਾਵੇ, ਤਾਂ ਜੋ ਭਵਿੱਖ ਵਿੱਚ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਤੋਂ ਬਚਿਆ ਜਾ ਸਕੇ।

-----------------------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ 2 ਵੱਖ ਵੱਖ ਮਾਮਲਿਆ 'ਚ ਸਰਹੱਦ ਪਾਰੋਂ ਆਇਆ ਤਿੰਨ ਕਿੱਲੋ ਨਸ਼ਿਲਾ ਪਦਾਰਥ 2 ਲੱਖ ਤੋਂ ਵਧੇਰੇ ਜਾਅਲੀ ਕਰੰਸੀ, 30 ਬੋਰ ਦੇ ਦੋ ਪਿਸਤੌਲ, 2 ਮੈਗਜ਼ੀਨ ਅਤੇ ਇੱਕ ਮੋਬਾਇਲ ਫੋਨ ਬਰਾਮਦ ਕੀਤਾ ਏ । ਅੰਮ੍ਰਿਤਸਰ ਦਿਹਾਤੀ ਦੇ ਐੱਸ.ਐੱਸ.ਪੀ ਮਨਿੰਦਰ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾ ਤੇ ਪੁਲਿਸ ਨੇ ਪਾਕਿਸਤਾਨ ਤੋਂ ਆਏ ਹਥਿਆਰ, ਜਾਲੀ ਕਰੰਸੀ ਅਤੇ ਹੈਰੋਇਨ ਬਰਾਮਦ ਕੀਤੀ ਏ । ਐਸ.ਪੀ ਹਰਿੰਦਰ ਸਿੰਘ ਗਿੱਲ ਨੇ ਪ੍ਰੈੱਸ ਕਾਨਫਰੰਸ ਵਿਚ ਇਸ ਬਾਰੇ ਵੇਰਵੇ ਸਾਂਝੇ ਕਰਦਿਆਂ ਦਸਿਆ ਦੱਸਿਆ । BYTE: ਫਿਲਹਾਲ ਪੁਲਿਸ ਵੱਲੋਂ ਨਸ਼ਿਆਂ ਨੂੰ ਰੋਕਣ ਬਾਰੇ ਐਕਟ

ਤਹਿਤ ਮਾਮਲਾ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਏ

---------------------------------------------------------------------

- ਅੱਜ ਦੁਨੀਆ ਭਰ ਵਿਚ ਵਿਸ਼ਵ ਸਿਹਤ ਦਿਵਸ ਮਨਾਇਆ ਜਾ ਰਿਹਾ ਏ-ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇੱਕ ਸਿਹਤਮੰਦ ਵਿਸ਼ਵ ਦੇ ਨਿਰਮਾਣ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਇਆ।
- ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਵਲੋਂ ਕੱਲ ਤੋਂ ਪੰਜਾਬ ਸਮੇਤ ਦੇਸ਼ ਭਰ ਵਿਚ ਪੋਸ਼ਣ ਪੰਦਰਵਾੜੇ ਦੀ ਸ਼ੁਰੂਆਤ।
- ਪੰਜਾਬ ਦੇ ਰਾਜਪਾਲ ਨੇ ਸੂਬੇ ਵਿਚੋਂ ਨਸ਼ਿਆਂ ਦੇ ਖਾਤਮੇ ਲਈ ਮਿਲਕੇ ਹੰਬਲਾ ਮਾਰਨ ਦਾ ਦਿੱਤਾ ਸੱਦਾ- ਉਨ੍ਹਾਂ ਕਿਹਾ ਜੇਕਰ ਨੌਜਵਾਨਾਂ ਨੂੰ ਨਸ਼ਿਆਂ ਤੋਂ ਨਾ ਰੋਕਿਆ ਤਾ ਇਸਦੇ ਮਾਰੂ ਨਤੀਜੇ ਨਿਕਲਣਗੇ I
- ਪੰਜਾਬ ਸਰਕਾਰ ਵਲੋਂ ਅੱਜ ਤੋਂ 54 ਦਿਨਾਂ 'ਸਿੱਖਿਆ ਕ੍ਰਾਂਤੀ' ਦੀ ਸ਼ੁਰੂਆਤ I

**ਇਸਦੇ ਨਾਲ ਹੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ ਰਾਸ਼ਟ ਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜ 30**